# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 13-05-2024**

- ਲੋਕ ਸਭਾ ਚੋਣਾਂ ਦੇ ਚੌਥੇ ਗੇੜ ਵਿਚ ਅੱਜ 9 ਸੂਬਿਆਂ ਅਤੇ ਇਕ ਕੇਂਦਰ ਸ਼ਾਸਿਤ ਪ੍ਰਦੇਸ਼ ਦੀਆਂ 96 ਸੀਟਾਂ 'ਤੇ ਵੋਟਿੰਗ ਦਾ ਸਿਲਸਿਲਾ, ਹੁਣ ਤੋਂ ਥੋੜੀ ਦੇਰ ਪਹਿਲਾਂ ਮੁੱਕਮਲ ਹੋ ਗਿਆ ਏ, ਪੰਜ ਵਜੇ ਤਕ 62 ਫੀਸਦੀ ਤੋਂ ਵੱਧ ਵੋਟਿੰਗ।
- ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ 5ਵੇਂ ਦਿਨ ਵੱਖ ਵੱਖ ਪਾਰਟੀਆਂ ਦੇ ਪ੍ਰਮੁੱਖ ਉਮੀਦਵਾਰਾਂ ਸਮੇਤ ਵੱਡੀ ਗਿਣਤੀ ਵਿਚ ਆਜ਼ਾਦ ਉਮੀਦਵਾਰਾਂ ਨੇ ਨਾਮਜ਼ਦਗੀ ਕਾਗਜ ਦਾਖ਼ਲ ਕੀਤੇ।
- ਮਹਾਨ ਸਾਹਿਤਕਾਰ ਤੇ ਉਘੇ ਕਵੀ ਪਦਮਸ਼੍ਰੀ ਡਾਕਟਰ ਸੁਰਜੀਤ ਪਾਤਰ ਦਾ, ਅੱਜ ਲੁਧਿਆਣਾ ਵਿਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ।

- ਮੌਸਮ ਵਿਭਾਗ ਨੇ ਅਗਲੇ 4 ਤੋਂ 5 ਦਿਨਾਂ ਦੌਰਾਨ ਤਾਪਮਾਨ ਵਿੱਚ ਵਾਧੇ ਨਾਲ ਲੂ ਚਲਣ ਦੀ ਸੰਭਾਵਨਾ ਦੱਸਦਿਆਂ, ਸਾਵਧਾਨੀਆਂ ਵਰਤਣ ਦੀ ਸਲਾਹ ਦਿੱਤੀ ਏ ।

---------------------------------------------------

ਲੋਕ ਸਭਾ ਚੋਣਾਂ ਦੇ ਚੌਥੇ ਗੇੜ ਵਿਚ ਅੱਜ 9 ਸੂਬਿਆਂ ਅਤੇ ਇਕ ਕੇਂਦਰ ਸ਼ਾਸਿਤ ਪ੍ਰਦੇਸ਼ ਦੀਆਂ 96 ਸੀਟਾਂ 'ਤੇ ਵੋਟਿੰਗ ਦਾ ਸਿਲਸਿਲਾ ਹੁਣ ਤੋਂ ਥੋੜੀ ਦੇਰ ਪਹਿਲਾਂ 6 ਵਜੇ ਮੁੱਕਮਲ ਹੋ ਗਿਆ ਏ । ਚੋਣ ਕਮਿਸ਼ਨ ਵਲੋਂ ਪੰਜ ਵਜੇ ਤਕ ਦੇ ਜਾਰੀ ਅੰਕੜਿਆਂ ਮੁਤਾਬਕ 62 ਫੀਸਦੀ ਤੋਂ ਵੱਧ ਪੋਲਿੰਗ ਹੋ ਚੁਕੀ ਸੀ । ਇਸ ਗੇੜ ਵਿਚ ਤੇਲੰਗਾਨਾ ਦੇ ਸਾਰੇ 17, ਬਿਹਾਰ ਦੇ 5, ਝਾਰਖੰਡ ਦੇ 4, ਮੱਧ ਪ੍ਰਦੇਸ਼ ਦੇ 8, ਮਹਾਰਾਸ਼ਟਰ ਦੇ 11, ਓਡੀਸ਼ਾ ਦੇ 4, ਪੱਛਮੀ ਬੰਗਾਲ ਦੇ 8 ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ ਕਸ਼ਮੀਰ ਦੇ ਇਕ ਲੋਕਸਭਾ ਹਲਕੇ ਵਿਚ ਵੋਟਿੰਗ ਹੋਈ ਏ । ਇਸ ਤੋਂ ਅਲਾਵਾ ਆਂਧਰਾ ਪ੍ਰਦੇਸ਼ ਦੇ ਸਾਰੇ ਹੀ 25 ਲੋਕ ਸਭਾ ਹਲਕਿਆਂ ਦੇ ਨਾਲ ਨਾਲ 175 ਵਿਧਾਨ ਸਭਾ ਹਲਕਿਆਂ ਅਤੇ 147 ਮੈਂਬਰੀ ਓਡੀਸ਼ਾ ਵਿਧਾਨ ਸਭਾ ਦੇ 28 ਹਲਕਿਆਂ 'ਤੇ ਵੀ ਵੋਟਾਂ ਪਈਆਂ ਗਈਆਂ । ਭਾਜਪਾ ਦੇ ਗਿਰੀ

ਰਾਜ ਸਿੰਘ, ਸਮਾਜਵਾਦੀ ਪਾਰਟੀ ਦੇ ਅਖਿਲੇਸ਼ ਯਾਦਵ, ਤਰਿਣਮੂਲ ਕਾਂਗਰਸ ਦੇ ਸ਼ਤਰੁਘਨ ਸਿਨਹਾ ਅਤੇ ਏ ਆਈ ਐਮ ਆਈ ਐਮ ਦੇ ਅਸਦੁਦੀਨ ਓਵੈਸੀ ਸਮੇਤ ਕਈ ਦਿੱਗਜ ਉਮੀਦਵਾਰਾਂ ਦੀ ਕਿਸਮਤ ਇਸ ਗੇੜ ਵਿੱਚ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਵਿਚ ਬੰਦ ਹੋ ਗਈ ਏ । ਵੋਟਾਂ ਦੀ ਗਿਣਤੀ ਚਾਰ ਜੂਨ ਨੂੰ ਕੀਤੀ ਜਾਵੇਗੀ। ਹੁਣ ਤੱਕ ਪਿਛਲੇ ਤਿੰਨ ਗੇੜਾਂ ਵਿਚ 20 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 283 ਸੰਸਦੀ ਹਲਕਿਆਂ ਵਿਚ ਵੋਟਿੰਗ ਸੁਚਾਰੂ ਢੰਗ ਨਾਲ ਸੰਪੰਨ ਹੋ ਚੁੱਕੀ ਏ।

----------------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਪੰਜਵੇਂ ਦਿਨ ਵੱਡੀ ਗਿਣਤੀ ਵਿਚ ਉਮੀਦਵਾਰਾਂ ਨੇ ਆਪੋ ਆਪਣੇ ਨਾਮਜ਼ਦਗੀ ਕਾਗਜ ਦਾਖ਼ਲ ਕੀਤੇ। ਬੀਤੀ 10 ਮਈ ਤਕ ਸਾਰੇ ਹੀ ਲੋਕਸਭਾ ਹਲਕਿਆਂ ਵਿਚ 143 ਉਮੀਦਵਾਰਾਂ ਨੇ 163 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ। ਕਾਂਗਰਸ ਪਾਰਟੀ, ਭਾਰਤੀ ਜਨਤਾ ਪਾਰਟੀ, ਆਮ ਆਦਮੀ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਕਈ ਪ੍ਰਮੁੱਖ ਆਗੂ ਅੱਜ ਨਾਮਜ਼ਦਗੀ ਪੱਤਰ ਦਾਖਲ ਕਰਨ ਵਾਲਿਆਂ ਵਿਚ ਸ਼ਾਮਲ ਰਹੇ।

ਭਲਕੇ 14 ਮਈ ਨਾਮਜ਼ਦਗੀਆਂ ਦਾਖ਼ਲ ਕਰਨ ਦੀ ਆਖਰੀ ਤਾਰੀਕ ਏ । 15 ਮਈ ਨੂੰ ਇਨ੍ਹਾਂ ਦੀ ਪੜਤਾਲ ਕੀਤੀ ਜਾਵੇਗੀ ਅਤੇ 17 ਮਈ ਤਕ ਨਾਮਜ਼ਦਗੀ ਕਾਗਜ ਵਾਪਸ ਲਏ ਜਾ ਸਕਣਗੇ । ਸੂਬੇ ਦੇ ਸਾਰੇ ਹੀ 13 ਲੋਕ ਸਭਾ ਹਲਕਿਆਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ ।

---------------------------------------------------------------

ਭਾਰਤੀ ਜਨਤਾ ਪਾਰਟੀ ਦੇ ਪਟਿਆਲਾ ਤੋਂ ਪ੍ਰਨੀਤ ਕੌਰ, ਸੰਗਰੂਰ ਤੋਂ ਅਰਵਿੰਦ ਖੰਨਾ, ਹੁਸ਼ਿਆਰਪੁਰ ਤੋਂ ਅਨੀਤਾ ਸੋਮ ਪ੍ਰਕਾਸ਼, ਫਿਰੋਜ਼ਪੁਰ ਤੋਂ ਰਾਣਾ ਗੁਰਮੀਤ ਸਿੰਘ ਸੋਢੀ, ਫਤਹਿਗੜ੍ਹ ਸਾਹਿਬ ਤੋਂ ਗੇਜਾ ਰਾਮ ਵਾਲਮੀਕਿ ਅਤੇ ਬਠਿੰਡਾ ਤੋਂ ਪਰਮਪਾਲ ਕੌਰ ਨੇ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਨੇ । ਆਮ ਆਦਮੀ ਪਾਰਟੀ ਦੇ ਜਲੰਧਰ ਤੋਂ ਪਵਨ ਕੁਮਾਰ ਟੀਨੂੰ, ਅੰਮ੍ਰਿਤਸਰ ਤੋਂ ਕੁਲਦੀਪ ਸਿੰਘ ਧਾਲੀਵਾਲ, ਹੁਸ਼ਿਆਰਪੁਰ ਤੋਂ ਡਾਕਟਰ ਰਾਜਕੁਮਾਰ ਚੱਬੇਵਾਲ, ਸੰਗਰੂਰ ਤੋਂ ਗੁਰਮੀਤ ਸਿੰਘ ਮੀਤਹੇਅਰ, ਗੁਰਦਾਸਪੁਰ ਤੋਂ ਅਮਨਸ਼ੇਰ ਸਿੰਘ ਸ਼ੇਰੀ ਕਲਸੀ ਅਤੇ ਲੁਧਿਆਣਾ ਤੋਂ ਅਸ਼ੋਕ ਪਰਾਸ਼ਰ ਪੱਪੀ ਨਾਮਜ਼ਦਗੀ ਭਰਨ ਵਾਲਿਆਂ ਵਿਚ

ਸ਼ਾਮਲ ਨੇ। ਕਾਂਗਰਸ ਪਾਰਟੀ ਦੇ ਫਰੀਦਕੋਟ ਤੋਂ ਅਮਰਜੀਤ ਕੌਰ ਸਾਹੋਕੇ, ਲੁਧਿਆਣਾ ਤੋਂ ਅਮਰਿੰਦਰ ਸਿੰਘ ਰਾਜਾ ਵੜਿੰਗ, ਅੰਮ੍ਰਿਤਸਰ ਤੋਂ ਗੁਰਜੀਤ ਸਿੰਘ ਔਜਲਾ, ਫਿਰੋਜ਼ਪੁਰ ਤੋਂ ਸ਼ੇਰ ਸਿੰਘ ਘੁਬਾਇਆ ਅਤੇ ਅਨੰਦਪੁਰ ਸਾਹਿਬ ਤੋਂ ਵਿਜੇ ਇੰਦਰ ਸਿੰਗਲਾ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ। ਸ਼੍ਰੋਮਣੀ ਅਕਾਲੀ ਦਲ ਦੇ ਬਠਿੰਡਾ ਤੋਂ ਹਰਸਿਮਰਤ ਕੌਰ ਬਾਦਲ, ਲੁਧਿਆਣਾ ਤੋਂ ਰਣਜੀਤ ਸਿੰਘ ਢਿੱਲੋਂ, ਖਡੂਰ ਸਾਹਿਬ ਤੋਂ ਵਿਰਸਾ ਸਿੰਘ ਵਲਟੋਹਾ, ਗੁਰਦਾਸਪੁਰ ਤੋਂ ਦਲਜੀਤ ਸਿੰਘ ਚੀਮਾ, ਫਰੀਦਕੋਟ ਤੋਂ, ਬਲਦੇਵ ਸਿੰਘ, ਸੰਗਰੂਰ ਤੋਂ ਇਕਬਾਲ ਸਿੰਘ ਝੂੰਦਾ ਅਤੇ ਹੁਸ਼ਿਆਰਪੁਰ ਤੋਂ ਸੋਹਣ ਸਿੰਘ ਠੰਡਲ ਨੇ ਕਾਗਜ ਦਾਖ਼ਲ ਕੀਤੇ। ਬਹੁਜਨ ਸਮਾਜ ਪਾਰਟੀ ਦੇ ਅਨੰਦਪੁਰ ਸਾਹਿਬ ਤੋਂ ਜਸਵੀਰ ਸਿੰਘ ਗੜ੍ਹੀ, ਹੁਸ਼ਿਆਰਪੁਰ ਤੋਂ ਰਣਜੀਤ ਕੁਮਾਰ ਅਤੇ ਸ਼੍ਰੋਮਣੀ ਅਕਾਲੀ ਦਲ ਅਮ੍ਰਿਤਸਰ ਦੇ ਸਿਮਰਨਜੀਤ ਸਿੰਘ ਮਾਨ ਨੇ ਸੰਗਰੂਰ ਲੋਕਸਭਾ ਹਲਕੇ ਤੋਂ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪਟਨਾ ਵਿਖੇ ਤਖ਼ਤ ਸ੍ਰੀ ਹਰਿਮੰਦਰ

ਜੀ, ਪਟਨਾ ਸਾਹਿਬ ਵਿਖੇ ਅੱਜ ਨਤ ਮਸਤਕ ਹੋਏ। ਪ੍ਰਧਾਨ ਮੰਤਰੀ ਮੋਦੀ ਸਿਰ 'ਤੇ ਪਗੜੀ ਸਜਾ ਕੇ, ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਪੁਜੇ । ਗੁਰਦੁਆਰਾ ਸਾਹਿਬ ਵਿਚ ਮੱਥਾ ਟੇਕਣ ਤੋਂ ਇਲਾਵਾ, ਪ੍ਰਧਾਨ ਮੰਤਰੀ ਮੋਦੀ ਨੇ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਵਿਚ ਸੰਗਤਾਂ ਵਿਚ ਲੰਗਰ ਵੀ ਵਰਤਾਇਆ ਅਤੇ ਲੰਗਰ ਦੀ ਸੇਵਾ ਕੀਤੀ। ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਪ੍ਰਧਾਨ ਮੰਤਰੀ ਦੇ ਸੁਆਗਤ ਨੂੰ ਲੈ ਕੇ ਵਿਸ਼ੇਸ਼ ਤਿਆਰੀ ਕੀਤੀ ਗਈ ਸੀ। ਪ੍ਰਧਾਨ ਮੰਤਰੀ ਦੀ ਫੇਰੀ ਨੂੰ ਵੇਖਦੇ ਹੋਏ ਵਿਆਪਕ ਸੁਰੱਖਿਆ ਵਿਵਸਥਾ ਕੀਤੀ ਗਈ ਸੀ।

---------------------------------------------------

ਗੁਰਦਾਸਪੁਰ ਲੋਕ ਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਸੁਖਜਿੰਦਰ ਸਿੰਘ ਰੰਧਾਵਾ ਨੇ ਦੁਨੇਰਾ ਵਿਖੇ ਆਯੋਜਿਤ ਇਕ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਧਾਰ ਬਲਾਕ ਦੇ ਲੋਕਾਂ ਨੂੰ ਜੋ ਗੰਦੇ ਪਾਣੀ ਦੀ ਸਮੱਸਿਆਂ ਆ ਰਹੀ ਏ ਉਸ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਕੇ ਲੋਕਾਂ ਨੂੰ ਸਾਫ ਸੁਥਰਾ ਪਾਣੀ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਸਿਹਤ ਸੇਵਾਵਾਂ, ਉਚ ਪੱਧਰੀ ਸਿੱਖਿਆ, ਮਿਆਰੀ ਸਿੱਖਿਆ, ਸੜਕਾਂ ਅਤੇ

ਸੰਚਾਰ ਮਧਿਅਮਾਂ ਦੀ ਸਮਸਿਆਵਾਂ ਵੀ ਹੱਲ ਕੀਤੀਆਂ ਜਾਣਗੀਆਂ ਅਤੇ ਇਸ ਇਲਾਕੇ ਨੂੰ ਸੈਰ ਸਪਾਟੇ ਦਾ ਇਕ ਚੰਗਾ ਰੂਪ ਦੇ ਕਿ ਗੇਟ ਵੇਅ ਆਫ ਇੰਡੀਆ ਬਣਾਇਆ ਜਾਵੇਗਾ। ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਦੇਸ਼ ਦਾ ਸੰਵਿਧਾਨ ਖਤਰੇ ਵਿੱਚ ਏ ਇਸ ਲਈ ਕੇਂਦਰ ਵਿੱਚ ਮੋਦੀ ਸਰਕਾਰ ਹਟਾ ਕੇ ਕਾਂਗਰਸ ਅਤੇ ਉਸ ਦੀਆਂ ਸਹਿਯੋਗੀ ਪਾਰਟੀਆਂ ਦੀ ਸਰਕਾਰ ਬਨਾਉਣਾ ਜਰੂਰੀ ਏ ਤਾਂ ਹੀ ਪੰਜਾਬ ਤਰੱਕੀ ਕਰ ਸਕਦਾ ਏ।

-----------------------------------------------------

ਪਟਿਆਲਾ ਤੋਂ ਭਾਜਪਾ ਉਮੀਦਵਾਰ ਪ੍ਰਨੀਤ ਕੌਰ ਨੇ ਜ਼ੀਰਕਪੁਰ ਵਿਖੇ ਮੰਡਲ ਪ੍ਰਧਾਨਾਂ ਅਤੇ ਮਹਿਲਾ ਵਰਕਰਾਂ ਸਮੇਤ ਵੱਡੀ ਗਿਣਤੀ ਵਿਚ ਮੌਜੂਦ ਸਮਰਥਕਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਇਸ ਵਾਰ ਲੋਕ ਸਭਾ ਚੋਣਾਂ ਵਿੱਚ ਮਹਿਲਾ ਵੋਟਰਾਂ ਦੀ ਅਹਿਮ ਭੂਮਿਕਾ ਹੋਵੇਗੀ ਅਤੇ ਔਰਤਾਂ ਆਪਣੇ ਵੋਟ ਦੇ ਅਧਿਕਾਰ ਪ੍ਰਤੀ ਪਹਿਲਾਂ ਨਾਲੋਂ ਵਧੇਰੇ ਜਾਗਰੂਕ ਹੋਈਆਂ ਨੇ। ਉਨ੍ਹਾਂ ਕਿਹਾ ਕਿ ਮਹਿਲਾ ਵੋਟਰ ਮੋਦੀ ਸਰਕਾਰ ਵੱਲੋਂ ਔਰਤਾਂ ਦੀ ਸੁਰੱਖਿਆ ਅਤੇ ਆਰਥਿਕ ਸਸ਼ਕਤੀਕਰਨ ਲਈ ਬਣਾਈਆਂ ਗਈਆਂ ਸਕੀਮਾਂ ਤੋਂ ਚੰਗੀ ਤਰ੍ਹਾਂ ਜਾਣੂ ਨੇ। ਪ੍ਰਨੀਤ ਕੌਰ ਨੇ ਕਿਹਾ ਕਿ

ਲੋਕ ਸਭਾ ਹਲਕਾ ਪਟਿਆਲਾ ਦੇ ਸਾਰੇ ਵਿਧਾਨ ਸਭਾ ਹਲਕਿਆਂ ਦਾ ਦੌਰਾ ਕੀਤਾ ਏ ਅਤੇ ਪਾਰਟੀ ਲੋਕ ਸਭਾ ਚੋਣਾਂ ਵਿੱਚ ਤੇਜ਼ੀ ਨਾਲ ਅੱਗੇ ਵੱਧ ਰਹੀ ਏ ।

------------------------------------------------

ਪੰਜਾਬ ਦੇ ਮਹਾਨ ਸਾਹਿਤਕਾਰ ਤੇ ਉਘੇ ਕਵੀ ਪਦਮਸ਼੍ਰੀ ਡਾਕਟਰ ਸੁਰਜੀਤ ਪਾਤਰ ਦਾ ਅੱਜ ਲੁਧਿਆਣਾ ਵਿਚ ਪੰਜ ਤੱਤਾਂ ਵਿਚ ਵਿਲੀਨ ਹੋ ਗਏ । ਹੰਜੂ ਭਰੀਆਂ ਅੱਖਾਂ ਵਿਚਾਲੇ ਪੂਰੇ ਸਰਕਾਰੀ ਸਨਮਾਨਾਂ ਨਾਲ ਉਨਾਂ ਨੂੰ ਆਖਰੀ ਵਿਦਾਈ ਦਿੱਤੀ ਗਈ। ਉਨਾਂ ਦੇ ਸਪੁੱਤਰਾਂ ਅੰਕੁਰ ਸਿੰਘ ਪਾਤਰ ਅਤੇ ਮਨਰਾਜ ਸਿੰਘ ਪਾਤਰ ਨੇ ਚਿਖਾ ਨੂੰ ਅਗਨੀ ਵਿਖਾਈ । ਇਸ ਮੌਕੇ ਉਨ੍ਹਾਂ ਦੀ ਪਤਨੀ ਭੁਪਿੰਦਰ ਕੌਰ ਪਾਤਰ ਤੇ ਸਾਕ-ਸਬੰਧੀ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਵੱਡੀ ਗਿਣਤੀ ਵਿਚ ਉਨਾਂ ਦੇ ਪ੍ਰਸ਼ੰਸਕ, ਸਾਹਿਤਕਾਰ, ਕਲਾਕਾਰ ਤੇ ਆਮ ਲੋਕ ਵੀ ਮੌਜੂਦ ਰਹੇ । ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਮਨਜੀਤ ਸਿੰਘ ਜੀ ਨੇ ਅੰਤਿਮ ਅਰਦਾਸ ਕੀਤੀ । ਜ਼ਿਕਰਯੋਗ ਏ ਕਿ ਬੀਤੇ 11 ਮਈ ਦੀ ਸਵੇਰ ਵੇਲੇ ਡਾਕਟਰ ਸੁਰਜੀਤ

ਪਾਤਰ ਦਾ ਨੀਂਦ ਵਿਚ ਦੀ ਦਿਲ ਦਾ ਦੌਰਾ ਪੈਣ ਕਾਰਣ ਦੇਹਾਂਤ ਹੋ ਗਿਆ ਸੀ। ਪੰਜਾਬ, ਪੰਜਾਬੀ ਭਾਸ਼ਾ ਅਤੇ ਪੰਜਾਬੀਅਤ ਪ੍ਰਤੀ ਇਸ ਵਿਲੱਖਣ ਦੇਣ ਲਈ ਹੀ ਸਨ 2012 ਵਿਚ ਡਾਕਟਰ ਸੁਰਜੀਤ ਪਾਤਰ ਨੂੰ ਪਦਮਸ਼੍ਰੀ ਸਨਮਾਨ ਨਾਲ ਨਵਾਜਿਆ ਗਿਆ ਸੀ।

-----------------------------------------------

ਮੌਸਮ ਵਿਭਾਗ ਅਨੁਸਾਰ ਪੰਜਾਬ ਵਿਚ ਅਗਲੇ 4- 5 ਦਿਨਾਂ ਦੌਰਾਨ ਮੌਸਮ ਆਮਤੌਰ ਤੇ ਖੁਸ਼ਕ ਬਣਿਆ ਰਹੇਗਾ ਜਿਸ ਨਾਲ ਵੱਧ ਤੋਂ ਵੱਧ ਤਾਪਮਾਨ ਵਿਚ ਕੋਈ 4 ਡਿਗਰੀ ਸੈਲਸੀਅਸ ਤਕ ਦਾ ਵਾਧਾ ਹੋਵੇਗਾ ਅਤੇ ਗਰਮੀ ਵਧਣ ਦੀ ਸੰਭਾਵਨਾ ਏ। ਵਿਭਾਗ ਨੇ ਅੱਜ ਇਸ ਬਾਰੇ ਇਕ ਐਡਵਾਇਜ਼ਰੀ ਜਾਰੀ ਕਰਦਿਆਂ ਦੱਸਿਆ ਕਿ ਨਤੀਜੇ ਵਜੋਂ 16 ਤੋਂ 18 ਮਈ ਵਿਚਾਲੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਤਾਪਮਾਨ 44 ਤੋਂ 46 ਡਿਗਰੀ ਸੈਲਸੀਅਸ ਤੱਕ ਪਹੁੰਚ ਸਕਦਾ ਏ ਅਤੇ ਲੂ ਦੇ ਹਾਲਾਤ ਪੈਦਾ ਹੋ ਸਕਦੇ ਨੇ। ਇਸੇ ਤਰ੍ਹਾਂ ਉੱਤਰੀ ਹਿੱਸਿਆਂ ਵਿੱਚ ਤਾਪਮਾਨ ਦੇ 41 ਤੋਂ 44 ਡਿਗਰੀ ਸੈਲਸੀਅਸ ਤੱਕ ਰਹਿਣ ਦੀ ਸੰਭਾਵਨਾ ਏ। ਲੂ ਦੇ ਇਸ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਗਈ ਏ।

*ਇਕ ਰਿਪੋਰਟ:ਡਿਸਪੈਚ: ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਸਲਾਹ ਦੇਂਦਿਆਂ ਕਿਹਾ ਏ ਕਿ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚੋ, ਛਾਂ ਵਿੱਚ ਰਹੋ। ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰੋ। ਜਰੂਰੀ ਮਿਕਦਾਰ ਵਿਚ ਪਾਣੀ ਪਿਓ। ਸਿਰ ਨੂੰ ਟੋਪੀ ਜਾਂ ਤੋਲੀਏ ਨਾਲ ਢੱਕ ਕੇ ਰੱਖੋ। ਜੇਕਰ ਕਿਸੇ ਨੂੰ ਲੂ ਲੱਗੀ ਹੋਵੇ ਤਾਂ ਉਸਨੂੰ ਆਈਸਪੈਕ ਤੇ ਠੰਡੇ ਪਾਣੀ ਨਾਲ ਠੰਡਾ ਕਰੋ ਅਤੇ ਤੁਰੰਤ ਹਸਪਤਾਲ ਲੈਕੇ ਜਾਓ, ਘਰ ਵਿੱਚ ਨਮਕ ਤੇ ਖੰਡ ਵਾਲੇ ਪਾਣੀ ਦਾ ਘੋਲ ਇਲਕਟ੍ਰੋ ਲਾਇਟ੍ਰਸ ਰੱਖੋ। ਬੱਚਿਆਂ ਤੇ ਬਜ਼ੁਰਗਾਂ ਨੂੰ ਲੂ ਲੱਗਣ ਦਾ ਖਤਰਾ ਵਧੇਰੇ ਹੁੰਦਾ ਏ ਇਸ ਲਈ ਇਨਾਂ ਦਾ ਖਾਸ ਧਿਆਨ ਰੱਖੋ। ਬੱਚਿਆਂ ਨੂੰ ਲੂ ਤੋਂ ਬਚਾਉਣ ਲਈ ਹਮੇਸ਼ਾ ਆਪਣੇ ਨਾਲ ਪਾਣੀ ਦੀ ਬੋਤਲ ਰੱਖੋ, ਨੀਮਬੂ ਪਾਣੀ, ਲੱਸੀ, ਨਾਰਿਯਲ ਪਾਣੀ ਅਤੇ ਤਾਜੇ ਫਲਾਂ ਦੇ ਜੂਸ ਦੀ ਲਗਾਤਾਰ ਵਰਤੋਂ ਕਰੋ। ਹਲਕੇ ਰੰਗ ਦੇ ਢਿਲੇ ਸੂਤੀ ਕੱਪੜੇ ਪਹਿਨੋ, ਗਰਮੀ ਦੇ ਮੌਸਮ ਵਿਚ ਜੰਕ ਫ਼ੂਡ ਦੀ ਵਰਤੋਂ ਨਾ ਕਰੋ, ਜੇ ਕਰ ਬੱਚਿਆਂ ਨੂੰ ਚੱਕਰ ਆਵੇ, ਉਲਟੀ, ਘਬਰਾਹਟ ਜਾਂ ਤੇਜ ਸਿਰ ਪੀੜ ਹੋਵੇ, ਛਾਤੀ ਵਿਚ ਪੀੜ ਹੋਵੇ ਜਾਂ*

***ਸਾਹ ਲੈਣ ਵਿਚ ਤਕਲੀਫ ਹੋ ਰਹੀ ਹੋਵੇ ਤਾਂ ਤੁਰੰਤ ਡਾਕਟਰ ਦੀ ਮਦਦ ਲਵੋ ਈ ਯਕੀਨਨ ਕੁਝ ਅਜਿਹੀਆਂ ਅਹਿਮ ਸਾਵਧਾਨੀਆਂ ਵਰਤ ਕੇ ਤੇਜ ਗਰਮੀ ਅਤੇ ਲੂ ਤੋਂ ਆਪਣਾ ਤੇ ਆਪਣੇ ਹੋਰ ਪਰਿਵਾਰਕ ਮੈਂਬਰਾਂ ਦਾ ਬਚਾਵ ਕੀਤਾ ਜਾ ਸਕਦਾ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਸੈਂਟਰਲ ਬੋਰਡ ਆਫ਼ ਸੈਕੰਡਰੀ ਐਜੂਕੇਸ਼ਨ- ਸੀ ਬੀ ਐਸ ਈ ਨੇ ਅੱਜ 10ਵੀਂ ਅਤੇ 12ਵੀਂ ਜਮਾਤ ਦੇ ਨਤੀਜੇ ਐਲਾਨ ਦਿੱਤੇ ਨੇ। ਸੀ ਬੀ ਐਸ ਈ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ 12ਵੀਂ ਜਮਾਤ ਵਿੱਚ ਕੁੱਲ 87 ਅਸ਼ਰੀਆ ਨੌਂ - ਅੱਠ ਪ੍ਰਤੀਸ਼ਤ ਵਿਦਿਆਰਥੀਆਂ ਨੇ ਪ੍ਰੀਖਿਆ ਪਾਸ ਕੀਤੀ ਏ। ਇਹ ਪ੍ਰਤੀਸ਼ਤਤਾ ਪਿਛਲੇ ਸਾਲ ਨਾਲੋਂ ਜ਼ੀਰੋ ਅਸ਼ਰੀਆ ਛੇ - ਪੰਜ ਪ੍ਰਤੀਸ਼ਤ ਵੱਧ ਏ। 24 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ 95 ਪ੍ਰਤੀਸ਼ਤ ਤੋਂ ਵੱਧ ਨੰਬਰ ਹਾਸਲ ਕੀਤੇ ਨੇ ਅਤੇ ਇੱਕ ਲੱਖ 16 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਲਏ ਨੇ। ਏਧਰ ਦਸਵੀਂ ਜਮਾਤ ਦੀ ਪਾਸ ਫੀਸਦੀ ਦਰ 93 ਅਸ਼ਰੀਆ 6 ਸਿਫਰ ਦਰਜ਼

ਕੀਤੀ ਗਈ ਏ। ਇਹ ਨਤੀਜੇ ਬੋਰਡ ਦੀ ਵੈਬਸਾਈਟ ਤੇ ਵੇਖੇ ਜਾ ਸਕਦੇ ਨੇ।

-----------------------------------------------------------

ਬੀਤੀ ਦੇਰ ਰਾਤ ਬੀ. ਐਸ. ਐਫ. ਦੇ ਡਿਊਟੀ ’ਤੇ ਤਾਇਨਾਤ ਚੌਕਸ ਜਵਾਨਾਂ ਨੇ ਜ਼ਿਲ੍ਹਾ ਅੰਮ੍ਰਿਤਸਰ ਦੇ ਸਰਹੱਦੀ ਖੇਤਰ 'ਤੇ ਇੱਕ ਡਰੋਨ ਦੀ ਆਵਾਜ਼ ਸੁਣਦਿਆਂ ਤੁਰੰਤ ਕਾਰਵਾਈ ਕੀਤੀ ਅਤੇ ਇਲਾਕੇ ਵਿਚ ਸਰਚ ਆਪ੍ਰੇਸ਼ਨ ਚਲਾਇਆ। ਇਸ ਦੌਰਾਨ ਤੜਕਸਾਰ ਬੀ. ਐਸ. ਐਫ. ਦੇ ਜਵਾਨਾਂ ਨੇ ਪਿੰਡ ਰਤਨਖੁਰਦ ਦੇ ਇੱਕ ਖੇਤ ਵਿੱਚ ਇਕ ਪੈਕਟ ਹੈਰੋਇਨ ਸਮੇਤ ਇਕ ਛੋਟਾ ਡਰੋਨ ਬਰਾਮਦ ਕੀਤਾ। ਬਰਾਮਦ ਕੀਤੇ ਗਏ ਪੈਕੇਟ ’ਚੋਂ 560 ਗ੍ਰਾਮ ਹੈਰੋਇਨ ਰਾਖੀ ਗਈ ਸੀ ਅਤੇ ਧਾਤ ਦੀਆਂ ਤਾਰਾਂ ਦੀ ਰਿੰਗ ਅਤੇ ਤਿੰਨ ਰੋਸ਼ਨੀ ਵਾਲੀਆਂ ਸਟਿਕਸ ਵੀ ਪੈਕੇਟ ਨਾਲ ਜੁੜੀਆਂ ਹੋਈਆਂ ਸਨ। ਬਰਾਮਦ ਡਰੋਨ ਚੀਨ ਦਾ ਬਣਿਆ ਏ। ਇਸ ਦੌਰਾਨ ਬੀ. ਐਸ. ਐਫ. ਦੇ ਖੂਫੀਆ ਵਿੰਗ ਵਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਸਰਹੱਦੀ ਖੇਤਰ ਵਿੱਚ ਇੱਕ ਡਰੋਨ ਦੀ ਮੌਜੂਦਗੀ ਬਾਰੇ ਦਿੱਤੀ ਗਈ ਜਾਣਕਾਰੀ ਦੇ ਆਧਾਰ ’ਤੇ ਬੀ. ਐਸ. ਐਫ. ਦੇ ਜਵਾਨਾਂ ਨੇ ਸ਼ੱਕੀ ਖੇਤਰ ’ਚ ਇੱਕ

ਸਰਚ ਆਪ੍ਰੇਸ਼ਨ ਚਲਾਇਆ। ਇਸ ਦੌਰਾਨ ਜਵਾਨਾਂ ਨੇ ਪਿੰਡ ਧਨੋਏ ਖੁਰਦ ਦੇ ਇੱਕ ਸੁੱਕੇ ਖੂਹ ਵਿੱਚੋਂ ਚੀਨ ਦਾ ਬਣਿਆ ਇਕ ਡਰੋਨ ਬਰਾਮਦ ਕੀਤਾ।

---------------------------------------------------

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- ਲੋਕ ਸਭਾ ਚੋਣਾਂ ਦੇ ਚੌਥੇ ਗੇੜ ਵਿਚ ਅੱਜ 9 ਸੂਬਿਆਂ ਅਤੇ ਇਕ ਕੇਂਦਰ ਸ਼ਾਸਿਤ ਪ੍ਰਦੇਸ਼ ਦੀਆਂ 96 ਸੀਟਾਂ 'ਤੇ ਵੋਟਿੰਗ ਦਾ ਸਿਲਸਿਲਾ, ਹੁਣ ਤੋਂ ਥੋੜੀ ਦੇਰ ਪਹਿਲਾਂ ਮੁੱਕਮਲ ਹੋ ਗਿਆ ਏ, ਪੰਜ ਵਜੇ ਤਕ 62 ਫੀਸਦੀ ਤੋਂ ਵੱਧ ਵੋਟਿੰਗ।
- ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ 5ਵੇਂ ਦਿਨ ਵੱਖ ਵੱਖ ਪਾਰਟੀਆਂ ਦੇ ਪ੍ਰਮੁੱਖ ਉਮੀਦਵਾਰਾਂ ਸਮੇਤ ਵੱਡੀ ਗਿਣਤੀ ਵਿਚ ਆਜ਼ਾਦ ਉਮੀਦਵਾਰਾਂ ਨੇ ਨਾਮਜ਼ਦਗੀ ਕਾਗਜ ਦਾਖ਼ਲ ਕੀਤੇ।

- ਮਹਾਨ ਸਾਹਿਤਕਾਰ ਤੇ ਉਘੇ ਕਵੀ ਪਦਮਸ਼੍ਰੀ ਡਾਕਟਰ ਸੁਰਜੀਤ ਪਾਤਰ ਦਾ, ਅੱਜ ਲੁਧਿਆਣਾ ਵਿਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸਸਕਾਰ।
- ਮੌਸਮ ਵਿਭਾਗ ਨੇ ਅਗਲੇ 4 ਤੋਂ 5 ਦਿਨਾਂ ਦੌਰਾਨ ਤਾਪਮਾਨ ਵਿੱਚ ਵਾਧੇ ਨਾਲ ਲੂ ਚਲਣ ਦੀ ਸੰਭਾਵਨਾ ਦੱਸਦਿਆਂ, ਸਾਵਧਾਨੀਆਂ ਵਰਤਣ ਦੀ ਸਲਾਹ ਦਿੱਤੀ ਏ।